◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
हर ख़बर, हर शहर

ਨੀਡ 24 ਨਿਊਜ਼

ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION UNDER PROCESS
Application No. T/GJ/2026/0619/2304/1577

GST
GSTIN 24CINPG0564Q1ZT

UDYAM REGISTERED
UDYAM-GJ-14-0003714

◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily

ਸਾਡੀ App ਡਾਊਨਲੋਡ ਕਰੋ
Download on the App Store
GET IT ON Google Play

www.need24.digital
info@need24.in
+91 98700 06472
FOLLOW US:

तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

PUNJAB · ਨੀਡ 24 ਨਿਊਜ਼ · ਹਰ ਖ਼ਬਰ, ਹਰ ਸ਼ਹਿਰ · 21 November 2026

SPORTS

ਵੈਲਿੰਗਟਨ ਟੈਸਟ ''ਚ Team India ਦੀ ਜ਼ਬਰਦਸਤ ਵਾਪਸੀ ! ਯਸ਼ਸਵੀ ਤੇ ਰਾਹੁਲ ਨੇ NZ ''ਚ ਰਚਿਆ ਇਤਿਹਾਸ



ਵੈਲਿੰਗਟਨ ਟੈਸਟ "ਚ Team India ਦੀ ਜ਼ਬਰਦਸਤ ਵਾਪਸੀ ! ਯਸ਼ਸਵੀ ਤੇ ਰਾਹੁਲ ਨੇ NZ "ਚ ਰਚਿਆ ਇਤਿਹਾਸ

Friday, Nov 20, 2026 ।

ਸਪੋਰਟਸ ਡੈਸਕ : ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ ਵੈਲਿੰਗਟਨ ਦੇ ਬੇਸਿਨ ਰਿਜ਼ਰਵ ਵਿੱਚ ਖੇਡੇ ਜਾ ਰਹੇ ਪਹਿਲੇ ਟੈਸਟ ਮੈਚ ਦੇ ਦੂਜੇ ਦਿਨ ਸਟੰਪਸ ਤੱਕ ਭਾਰਤੀ ਟੀਮ ਨੇ ਆਪਣੀ ਪਹਿਲੀ ਪਾਰੀ ਵਿੱਚ 1 ਵਿਕਟ ਦੇ ਨੁਕਸਾਨ 'ਤੇ 159 ਦੌੜਾਂ ਬਣਾ ਲਈਆਂ ਹਨ। ਭਾਰਤੀ ਟੀਮ ਹੁਣ ਵੀ ਨਿਊਜ਼ੀਲੈਂਡ ਦੀ ਪਹਿਲੀ ਪਾਰੀ ਦੇ ਸਕੋਰ ਤੋਂ 209 ਦੌੜਾਂ ਪਿੱਛੇ ਹੈ।

ਪਾਰੀ ਦੀ ਸ਼ੁਰੂਆਤ ਕਰਨ ਆਏ ਯਸ਼ਸਵੀ ਜਾਇਸਵਾਲ ਅਤੇ ਕੇ. ਐੱਲ. ਰਾਹੁਲ ਨੇ ਪਹਿਲੀ ਵਿਕਟ ਲਈ 130 ਦੌੜਾਂ ਦੀ ਸ਼ਾਨਦਾਰ ਸਾਂਝੇਦਾਰੀ ਕਰਕੇ ਟੀਮ ਨੂੰ ਮਜ਼ਬੂਤ ਸ਼ੁਰੂਆਤ ਦਿਵਾਈ। ਯਸ਼ਸਵੀ ਜਾਇਸਵਾਲ ਨੇ 89 ਗੇਂਦਾਂ 'ਤੇ 16 ਚੌਕਿਆਂ ਦੀ ਮਦਦ ਨਾਲ 85 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ, ਜਿਸ ਤੋਂ ਬਾਅਦ ਉਹ ਮੈਟ ਹੈਨਰੀ ਦੀ ਗੇਂਦ 'ਤੇ ਕੈਚ ਆਊਟ ਹੋਏ। ਦਿਨ ਦੀ ਖੇਡ ਖਤਮ ਹੋਣ ਤੱਕ ਕੇ. ਐੱਲ. ਰਾਹੁਲ 52 ਦੌੜਾਂ (99 ਗੇਂਦਾਂ, 5 ਚੌਕੇ) ਅਤੇ ਦੇਵਦੱਤ ਪਡਿੱਕਲ 16 ਦੌੜਾਂ ਬਣਾ ਕੇ ਕ੍ਰੀਜ਼ 'ਤੇ ਡਟੇ ਹੋਏ ਹਨ।

ਭਾਰਤੀ ਸਲਾਮੀ ਜੋੜੀ ਯਸ਼ਸਵੀ ਜੈਸਵਾਲ ਅਤੇ ਕੇਐਲ ਰਾਹੁਲ ਨੇ ਕੀਵੀ ਗੇਂਦਬਾਜ਼ਾਂ ਦੇ ਖਿਲਾਫ ਜ਼ਬਰਦਸਤ ਲਚਕਤਾ ਦਿਖਾਈ ਤੇ ਇੱਕ ਮਹੱਤਵਪੂਰਨ ਰਿਕਾਰਡ ਕਾਇਮ ਕੀਤਾ। ਦੋਵਾਂ ਬੱਲੇਬਾਜ਼ਾਂ ਨੇ ਪਹਿਲੀ ਵਿਕਟ ਲਈ 130 ਦੌੜਾਂ ਦੀ ਸ਼ਾਨਦਾਰ ਓਪਨਿੰਗ ਸਾਂਝੇਦਾਰੀ ਕੀਤੀ, ਜਿਸ ਨਾਲ ਨਿਊਜ਼ੀਲੈਂਡ ਦੀ ਧਰਤੀ 'ਤੇ ਟੈਸਟ ਕ੍ਰਿਕਟ ਵਿੱਚ ਭਾਰਤੀ ਸਲਾਮੀ ਜੋੜੀ ਦੁਆਰਾ ਸੈਂਕੜਾ ਸਾਂਝੇਦਾਰੀ ਦੀ 32 ਸਾਲਾਂ ਦੀ ਉਡੀਕ ਖਤਮ ਹੋ ਗਈ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਭਾਰਤੀ ਕਪਤਾਨ ਸ਼ੁਭਮਨ ਗਿੱਲ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਸੀ। ਨਿਊਜ਼ੀਲੈਂਡ ਦੀ ਪਹਿਲੀ ਪਾਰੀ 368 ਦੌੜਾਂ 'ਤੇ ਸਮਾਪਤ ਹੋਈ। ਇੱਕ ਸਮੇਂ ਨਿਊਜ਼ੀਲੈਂਡ ਨੇ 70 ਦੌੜਾਂ 'ਤੇ ਆਪਣੇ 5 ਖਿਡਾਰੀ ਗੁਆ ਦਿੱਤੇ ਸਨ। ਇਸ ਤੋਂ ਬਾਅਦ ਹੈਨਰੀ ਨਿਕੋਲਸ ਅਤੇ ਗਲੇਨ ਫਿਲਿਪਸ ਨੇ ਛੇਵੀਂ ਵਿਕਟ ਲਈ 216 ਦੌੜਾਂ ਦੀ ਵੱਡੀ ਸਾਂਝੇਦਾਰੀ ਕਰਕੇ ਨਿਊਜ਼ੀਲੈਂਡ ਨੂੰ ਸੰਭਾਲਿਆ। ਹੈਨਰੀ ਨਿਕੋਲਸ 335 ਗੇਂਦਾਂ ਵਿੱਚ 21 ਚੌਕਿਆਂ ਦੀ ਮਦਦ ਨਾਲ 175 ਦੌੜਾਂ ਬਣਾ ਕੇ ਅਜੇਤੂ ਰਹੇ, ਜਦਕਿ ਗਲੇਨ ਫਿਲਿਪਸ ਨੇ 216 ਗੇਂਦਾਂ ਵਿੱਚ 118 ਦੌੜਾਂ ਬਣਾਈਆਂ। ਭਾਰਤ ਵੱਲੋਂ ਗੇਂਦਬਾਜ਼ੀ ਵਿੱਚ ਜਸਪ੍ਰੀਤ ਬੁਮਰਾਹ ਨੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਦਿਆਂ 4 ਵਿਕਟਾਂ ਹਾਸਲ ਕੀਤੀਆਂ। ਇਸ ਤੋਂ ਇਲਾਵਾ ਆਕਾਸ਼ ਦੀਪ ਨੇ 3, ਅੰਸ਼ੁਲ ਕੰਬੋਜ ਨੇ 2 ਅਤੇ ਪ੍ਰਸਿੱਧ ਕ੍ਰਿਸ਼ਨਾ ਨੇ 1 ਵਿਕਟ ਝਟਕਾਈ।

— Shamsher Singh

39 ਸਾਲ ਦੀ ਉਮਰ ''ਚ ਮਾਂ ਬਣੀ ਮਸ਼ਹੂਰ ਅਦਾਕਾਰਾ; ਦਿਖਾਈ ਪੁੱਤਰ ਦੀ ਪਹਿਲੀ ਝਲਕ, ਰੱਖਿਆ ਇਹ ਨਾਂ

39 ਸਾਲ ਦੀ ਉਮਰ "ਚ ਮਾਂ ਬਣੀ ਮਸ਼ਹੂਰ ਅਦਾਕਾਰਾ; ਦਿਖਾਈ ਪੁੱਤਰ ਦੀ ਪਹਿਲੀ ਝਲਕ, ਰੱਖਿਆ ਇਹ ਨਾਂ Friday, Nov 20, 2026 । ਮੁੰਬਈ (ਏਜੰਸੀ)- ਅਦਾਕਾਰਾ ਸਾਮੰਥਾ ਰੂਥ ਪ੍ਰਭੂ ਮਾਂ ਬਣ ਗਈ ਹੈ। ਉਸਨੇ ਅਤੇ ਫਿਲਮ ਨਿਰਮਾਤਾ ਰਾਜ ਨਿਦੀਮੋਰੂ ਨੇ ਆਪਣੇ ਪਹਿਲੇ ਬੱਚੇ ਦਾ ਸਵਾਗਤ ਕੀਤਾ ਹੈ। ਅਦਾਕਾਰਾ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇਹ ਖੁਸ਼ਖਬਰੀ ਸਾਂਝੀ ਕੀਤੀ ਅਤੇ ਦ

— Shamsher Singh

ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਭਾਰੀ ਗਿਰਾਵਟ, ਬੰਦ ਹੁੰਦੇ-ਹੁੰਦੇ ਫਿਰ ਮੂਧੇ ਮੂੰਹ ਡਿੱਗੇ ਭਾਅ

ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਭਾਰੀ ਗਿਰਾਵਟ, ਬੰਦ ਹੁੰਦੇ-ਹੁੰਦੇ ਫਿਰ ਮੂਧੇ ਮੂੰਹ ਡਿੱਗੇ ਭਾਅ Friday, Nov 20, 2026 । ਬਿਜ਼ਨੈੱਸ ਡੈਸਕ : ਕਮਜ਼ੋਰ ਸਪਾਟ ਮੰਗ ਦਰਮਿਆਨ ਅੱਜ ਸ਼ੁੱਕਰਵਾਰ ਨੂੰ ਸੋਨੇ ਦੇ ਵਾਅਦਾ ਭਾਅ 4,683 ਰੁਪਏ ਦੀ ਭਾਰੀ ਗਿਰਾਵਟ ਨਾਲ 1,22,769 ਰੁਪਏ ਪ੍ਰਤੀ 10 ਗ੍ਰਾਮ 'ਤੇ ਦੇਖੇ ਗਏ ਹਨ। ਮਲਟੀ ਕਮੋਡਿਟੀ ਐਕਸਚੇਂਜ (MCX) 'ਤੇ ਦਸੰਬਰ ਡਿਲੀਵਰੀ

— Shamsher Singh

POLITICS

ਸੀਨੀਅਰ ਕਾਂਗਰਸੀ ਆਗੂ ਦਾ ਦਿਹਾਂਤ, 85 ਸਾਲ ਦੀ ਉਮਰ 'ਚ ਲਿਆ ਆਖ਼ਰੀ ਸਾਹ



ਸੀਨੀਅਰ ਕਾਂਗਰਸੀ ਆਗੂ ਦਾ ਦਿਹਾਂਤ, 85 ਸਾਲ ਦੀ ਉਮਰ 'ਚ ਲਿਆ ਆਖ਼ਰੀ ਸਾਹ

Friday, Nov 20, 2026 ।

ਚੰਡੀਗੜ੍ਹ (ਏਜੰਸੀ)- ਹਰਿਆਣਾ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਪਾਰਟੀ ਦੇ ਸਾਬਕਾ ਸੂਬਾ ਪ੍ਰਧਾਨ ਫੂਲਚੰਦ ਮੁਲਾਣਾ ਦਾ ਸ਼ੁੱਕਰਵਾਰ ਨੂੰ 85 ਸਾਲ ਦੀ ਉਮਰ 'ਚ ਦਿਹਾਂਤ ਹੋ ਗਿਆ। ਉਨ੍ਹਾਂ ਨੇ ਪੰਚਕੂਲਾ 'ਚ ਆਪਣੇ ਪੁੱਤਰ ਵਰੁਣ ਚੌਧਰੀ ਦੇ ਘਰ ਆਖਰੀ ਸਾਹ ਲਿਆ। ਪਾਰਟੀ ਦੇ ਅੰਬਾਲਾ ਜ਼ਿਲ੍ਹਾ (ਸ਼ਹਿਰੀ) ਪ੍ਰਧਾਨ ਪਵਨ ਅਗਰਵਾਲ ਨੇ ਇਹ ਜਾਣਕਾਰੀ ਦਿੱਤੀ। ਅਗਰਵਾਲ ਨੇ ਦੱਸਿਆ ਕਿ ਮੁਲਾਣਾ ਕੁਝ ਦਿਨ ਪਹਿਲਾਂ ਮੋਹਾਲੀ ਦੇ ਇਕ ਹਸਪਤਾਲ 'ਚ ਦਾਖਲ ਸਨ ਅਤੇ ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ਨੀਵਾਰ ਨੂੰ ਅੰਬਾਲਾ 'ਚ ਕੀਤਾ ਜਾਵੇਗਾ।

ਮੁਲਾਣਾ ਅੰਬਾਲਾ ਦੇ ਮੁਲਾਣਾ ਵਿਧਾਨ ਸਭਾ ਹਲਕੇ ਤੋਂ 4 ਵਾਰ ਵਿਧਾਇਕ ਚੁਣੇ ਗਏ ਸਨ। ਉਹ ਪਿਛਲੀ ਕਾਂਗਰਸ ਸਰਕਾਰ 'ਚ ਮੰਤਰੀ ਵੀ ਰਹੇ ਅਤੇ ਹਰਿਆਣਾ ਕਾਂਗਰਸ ਦੇ ਸੂਬਾ ਪ੍ਰਧਾਨ ਵਜੋਂ ਵੀ ਸੇਵਾ ਨਿਭਾਈ। ਉਨ੍ਹਾਂ ਦਾ ਪੁੱਤਰ ਵਰੁਣ ਚੌਧਰੀ ਅੰਬਾਲਾ ਤੋਂ ਕਾਂਗਰਸ ਸੰਸਦ ਮੈਂਬਰ ਹੈ, ਜਦੋਂ ਕਿ ਉਨ੍ਹਾਂ ਦੀ ਨੂੰਹ ਪੂਜਾ ਚੌਧਰੀ, ਮੁਲਾਣਾ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਵਿਧਾਇਕ ਹੈ। ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ, ਕੁਮਾਰੀ ਸ਼ੈਲਜਾ, ਰਾਓ ਨਰਿੰਦਰ ਸਿੰਘ, ਰਣਦੀਪ ਸਿੰਘ ਸੁਰਜੇਵਾਲਾ ਅਤੇ ਸੰਜੇ ਦੱਤ ਸਮੇਤ ਕਈ ਸੀਨੀਅਰ ਕਾਂਗਰਸੀ ਆਗੂਆਂ ਨੇ ਉਨ੍ਹਾਂ ਦੇ ਦਿਹਾਂਤ 'ਤੇ ਦੁੱਖ ਪ੍ਰਗਟ ਕੀਤਾ।

— Shamsher Singh

POLITICS

CM ਯੋਗੀ ਨੇ ਕੀਤੇ ਆਪਣੀ ਮਾਤਾ ਦੇ ਅੰਤਿਮ ਦਰਸ਼ਨ, ਭਲਕੇ ਹਰਿਦੁਆਰ ਵਿਖੇ ਹੋਵੇਗਾ ਅੰਤਿਮ ਸਸਕਾਰ



CM ਯੋਗੀ ਨੇ ਕੀਤੇ ਆਪਣੀ ਮਾਤਾ ਦੇ ਅੰਤਿਮ ਦਰਸ਼ਨ, ਭਲਕੇ ਹਰਿਦੁਆਰ ਵਿਖੇ ਹੋਵੇਗਾ ਅੰਤਿਮ ਸਸਕਾਰ

Friday, Nov 20, 2026 ।

ਪੌੜੀ ਗੜ੍ਹਵਾਲ : ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀ ਮਾਤਾ ਸਾਵਿਤਰੀ ਦੇਵੀ (91) ਦੇ ਦਿਹਾਂਤ ਤੋਂ ਬਾਅਦ, ਮੁੱਖ ਮੰਤਰੀ ਸ਼ੁੱਕਰਵਾਰ ਨੂੰ ਉੱਤਰਾਖੰਡ ਸਥਿਤ ਆਪਣੇ ਜੱਦੀ ਪਿੰਡ ਪੰਚੂਰ ਪਹੁੰਚੇ ਅਤੇ ਉਨ੍ਹਾਂ ਦੇ ਅੰਤਿਮ ਦਰਸ਼ਨ ਕੀਤੇ। ਵਧਦੀ ਉਮਰ ਨਾਲ ਸਬੰਧਤ ਬਿਮਾਰੀਆਂ ਕਾਰਨ ਸ਼ੁੱਕਰਵਾਰ ਨੂੰ ਪੌੜੀ ਗੜ੍ਹਵਾਲ ਜ਼ਿਲ੍ਹੇ ਦੇ ਯਮਕੇਸ਼ਵਰ ਬਲਾਕ ਅਧੀਨ ਪੈਂਦੇ ਪਿੰਡ ਪੰਚੂਰ ਵਿਖੇ ਸਾਵਿਤਰੀ ਦੇਵੀ ਦਾ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦਾ ਅੰਤਿਮ ਸਸਕਾਰ ਸ਼ਨੀਵਾਰ, 21 ਨਵੰਬਰ ਨੂੰ ਹਰਿਦੁਆਰ ਵਿਖੇ ਕੀਤਾ ਜਾਵੇਗਾ।

ਸਾਵਿਤਰੀ ਦੇਵੀ ਆਪਣੇ ਜੱਦੀ ਪਿੰਡ ਪੰਚੂਰ ਵਿੱਚ ਹੀ ਰਹਿੰਦੇ ਸਨ। ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦਾ ਜਨਮ ਅਤੇ ਬਚਪਨ ਦੇ ਸ਼ੁਰੂਆਤੀ ਸਾਲ ਵੀ ਇਸੇ ਪਿੰਡ ਵਿੱਚ ਬੀਤੇ ਸਨ, ਜਿਸ ਤੋਂ ਬਾਅਦ ਉਹ ਗੋਰਖਪੁਰ ਚਲੇ ਗਏ ਸਨ। ਮਾਤਾ ਦੇ ਦਿਹਾਂਤ ਦੀ ਖ਼ਬਰ ਮਿਲਦਿਆਂ ਹੀ ਸੀ.ਐਮ. ਯੋਗੀ ਤੁਰੰਤ ਉੱਤਰਾਖੰਡ ਲਈ ਰਵਾਨਾ ਹੋ ਗਏ ਅਤੇ ਘਰ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਜੂਨ 2024 ਵਿੱਚ ਜਦੋਂ ਸਾਵਿਤਰੀ ਦੇਵੀ ਰਿਸ਼ੀਕੇਸ਼ ਦੇ ਏਮਜ਼ ਹਸਪਤਾਲ ਵਿੱਚ ਦਾਖ਼ਲ ਸਨ, ਤਾਂ ਮੁੱਖ ਮੰਤਰੀ ਯੋਗੀ ਉਨ੍ਹਾਂ ਦਾ ਹਾਲ-ਚਾਲ ਪੁੱਛਣ ਲਈ ਉੱਤਰਾਖੰਡ ਗਏ ਸਨ।

ਮਾਤਾ ਸਾਵਿਤਰੀ ਦੇਵੀ ਦੇ ਦਿਹਾਂਤ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨਾਲ ਫ਼ੋਨ 'ਤੇ ਗੱਲਬਾਤ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਤੋਂ ਇਲਾਵਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਅਤੇ ਬਸਪਾ ਸੁਪਰੀਮੋ ਮਾਇਆਵਤੀ ਸਮੇਤ ਦੇਸ਼ ਦੇ ਕਈ ਪ੍ਰਮੁੱਖ ਸਿਆਸੀ ਆਗੂਆਂ ਨੇ ਸ਼ੋਕ ਸੰਦੇਸ਼ ਸਾਂਝੇ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਦਿੱਤੀ ਹੈ।

— Shamsher Singh

ENTERTAINMENT

IND vs PAK: ਕ੍ਰਿਕਟ ''ਚ INDIA ਨਾਲ ਹੋ ਗਈ Cheating! ਬਿਨਾਂ ਖੇਡੇ ਚੈਂਪੀਅਨ ਬਣੀ ਪਾਕਿਸਤਾਨ



IND vs PAK: ਕ੍ਰਿਕਟ "ਚ INDIA ਨਾਲ ਹੋ ਗਈ Cheating! ਬਿਨਾਂ ਖੇਡੇ ਚੈਂਪੀਅਨ ਬਣੀ ਪਾਕਿਸਤਾਨ

Friday, Nov 20, 2026 ।

ਸਪੋਰਟਸ ਡੈਸਕ : ਢਾਕਾ 'ਚ ਭਾਰਤ ਤੇ ਪਾਕਿਸਤਾਨ ਵਿਚਕਾਰ ਖੇਡਿਆ ਜਾਣ ਵਾਲਾ ਬਲਾਇੰਡ ਏਸ਼ੀਆ ਕੱਪ 2026 ਦਾ ਫਾਈਨਲ ਮੁਕਾਬਲਾ ਭਾਰੀ ਬਾਰਿਸ਼ ਕਾਰਨ ਬਿਨਾਂ ਟਾਸ ਹੋਏ ਹੀ ਰੱਦ ਕਰ ਦਿੱਤਾ ਗਿਆ। ਮੈਚ ਰੱਦ ਹੋਣ ਤੋਂ ਬਾਅਦ ਟੂਰਨਾਮੈਂਟ ਦੀ ਤਕਨੀਕੀ ਕਮੇਟੀ ਨੇ ਦੋਵਾਂ ਟੀਮਾਂ ਨੂੰ ਸੰਯੁਕਤ ਜੇਤੂ (ਜੁਆਇੰਟ ਵਿਨਰਜ਼) ਐਲਾਨਣ ਦਾ ਫੈਸਲਾ ਲਿਆ ਸੀ। ਪਰ ਵਰਲਡ ਬਲਾਇੰਡ ਕ੍ਰਿਕਟ ਕੌਂਸਲ (WBCC) ਦੇ ਪ੍ਰਧਾਨ ਸਯਦ ਸੁਲਤਾਨ ਸ਼ਾਹ ਨੇ ਇਸ ਫੈਸਲੇ ਨੂੰ ਰੱਦ ਕਰਦਿਆਂ ਟਰਾਫੀ ਪਾਕਿਸਤਾਨ ਦੀ ਟੀਮ ਦੇ ਹਵਾਲੇ ਕਰਨ ਦਾ ਹੁਕਮ ਸੁਣਾ ਦਿੱਤਾ।

ਇਸ ਫੈਸਲੇ ਪਿੱਛੇ ਇਹ ਤਰਕ ਦਿੱਤਾ ਗਿਆ ਕਿ ਪਾਕਿਸਤਾਨ ਦੀ ਟੀਮ ਗਰੁੱਪ ਗੇੜ ਵਿੱਚ ਸਿਖਰ 'ਤੇ ਰਹੀ ਸੀ। ਜ਼ਿਕਰਯੋਗ ਹੈ ਕਿ ਸਯਦ ਸੁਲਤਾਨ ਸ਼ਾਹ ਖੁਦ ਪਾਕਿਸਤਾਨ ਬਲਾਇੰਡ ਕ੍ਰਿਕਟ ਕੌਂਸਲ ਦੇ ਵੀ ਪ੍ਰਧਾਨ ਹਨ। ਉਨ੍ਹਾਂ ਉੱਤੇ ਟੂਰਨਾਮੈਂਟ ਦੇ ਨਿਯਮਾਂ ਦੀ ਉਲੰਘਣਾ ਕਰਕੇ ਆਪਣੇ ਹੀ ਦੇਸ਼ ਨੂੰ ਜੇਤੂ ਐਲਾਨਣ ਦੇ ਦੋਸ਼ ਲੱਗ ਰਹੇ ਹਨ।

ਇਸ ਫੈਸਲੇ ਨੂੰ ਸਰੇਆਮ ਬੇਇਨਸਾਫ਼ੀ ਕਰਾਰ ਦਿੰਦਿਆਂ ਭਾਰਤੀ ਬਲਾਇੰਡ ਕ੍ਰਿਕਟ ਟੀਮ ਨੇ ਇਨਾਮ ਵੰਡ (ਪ੍ਰੈਜ਼ੈਂਟੇਸ਼ਨ) ਸਮਾਰੋਹ ਤੋਂ ਵਾਕਆਊਟ ਕਰ ਦਿੱਤਾ। ਭਾਰਤੀ ਟੀਮ ਨੇ ਦੋਸ਼ ਲਾਇਆ ਕਿ ਉਨ੍ਹਾਂ ਨਾਲ ਨਿਯਮਾਂ ਨੂੰ ਛਿੱਕੇ ਟੰਗ ਕੇ ਧੱਕਾ ਕੀਤਾ ਗਿਆ ਹੈ।

ਗਰੁੱਪ ਸਟੇਜ ਦੇ ਮੁਕਾਬਲਿਆਂ ਵਿੱਚ ਪਾਕਿਸਤਾਨ ਨੇ ਆਪਣੇ ਤਿੰਨੇ ਮੈਚ ਜਿੱਤੇ ਸਨ, ਜਿਸ ਵਿੱਚ ਭਾਰਤ ਖ਼ਿਲਾਫ਼ ਆਖਰੀ ਗੇਂਦ 'ਤੇ 1 ਵਿਕਟ ਨਾਲ ਮਿਲੀ ਜਿੱਤ ਵੀ ਸ਼ਾਮਲ ਸੀ। ਦੂਜੇ ਪਾਸੇ, ਭਾਰਤੀ ਟੀਮ ਬੰਗਲਾਦੇਸ਼ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚੀ ਸੀ। ਫਾਈਨਲ ਵਿੱਚ ਬਿਨਾਂ ਖੇਡੇ ਪਾਕਿਸਤਾਨ ਨੂੰ ਚੈਂਪੀਅਨ ਐਲਾਨੇ ਜਾਣ ਨਾਲ ਖੇਡ ਜਗਤ ਵਿੱਚ ਵਿਵਾਦ ਗਰਮਾ ਗਿਆ ਹੈ।

— Shamsher Singh

POLITICS

MP ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਏਅਰਪੋਰਟ ਲਈ ਰਵਾਨਾ ਹੋਈ ਪੰਜਾਬ ਪੁਲਸ



MP ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਏਅਰਪੋਰਟ ਲਈ ਰਵਾਨਾ ਹੋਈ ਪੰਜਾਬ ਪੁਲਸ

Friday, Nov 20, 2026 ।

ਨੈਸ਼ਨਲ ਡੈਸਕ : ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਸਖ਼ਤ ਸੁਰੱਖਿਆ ਹੇਠ ਜੇਲ੍ਹ ਤੋਂ ਬਾਹਰ ਕੱਢ ਕੇ ਪੰਜਾਬ ਪੁਲਸ ਵੱਲੋਂ ਹਵਾਈ ਅੱਡੇ ਵੱਲ ਲਿਜਾਇਆ ਗਿਆ ਹੈ। ਉਨ੍ਹਾਂ ਦੇ ਅੱਜ ਦੁਪਹਿਰ ਦਿੱਲੀ ਪਹੁੰਚਣ ਦੀ ਉਮੀਦ ਹੈ। ਉਹ ਕੱਲ੍ਹ ਸਵੇਰੇ ਅੰਮ੍ਰਿਤਸਰ ਲਈ ਰਵਾਨਾ ਹੋਣਗੇ। ਜੱਲੂਪੁਰ ਖੇੜਾ ਵਿਖੇ ਆਪਣੀ ਦਾਦੀ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਤੋਂ ਬਾਅਦ, ਉਹ ਕੱਲ੍ਹ ਸ਼ਾਮ ਨੂੰ ਹੀ ਵਾਪਸ ਪਰਤਣਗੇ।

ਜ਼ਿਕਰਯੋਗ ਹੈ ਕਿ ਅੰਮ੍ਰਿਤਸਰ ਦੀ ਸੈਸ਼ਨ ਅਦਾਲਤ ਨੇ ਉਨ੍ਹਾਂ ਨੂੰ ਆਪਣੀ ਦਾਦੀ ਚਰਨ ਕੌਰ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਦੁਪਹਿਰ 12 ਵਜੇ ਤੋਂ 3 ਵਜੇ ਤੱਕ (ਕੁੱਲ 3 ਘੰਟੇ) ਦੀ ਕਸਟਡੀ ਪੈਰੋਲ ਦਿੱਤੀ ਹੈ। ਉਨ੍ਹਾਂ ਦੀ ਦਾਦੀ ਚਰਨ ਕੌਰ ਦਾ ਦਿਹਾਂਤ 8 ਨਵੰਬਰ ਨੂੰ ਹੋਇਆ ਸੀ ਅਤੇ ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਜੱਲੂਪੁਰ ਖੇੜਾ (ਅੰਮ੍ਰਿਤਸਰ) ਵਿਖੇ ਖੇਤਾਂ ਵਿੱਚ ਕੀਤਾ ਜਾਵੇਗਾ।

ਅੰਮ੍ਰਿਤਪਾਲ ਸਿੰਘ ਨੂੰ ਲਿਆਉਣ ਅਤੇ ਵਾਪਸ ਲੈ ਜਾਣ ਦੀਆਂ ਤਿਆਰੀਆਂ ਲਈ ਉਨ੍ਹਾਂ ਦੇ ਪਰਿਵਾਰ ਨੇ ਪੁਲਸ ਦੇ ਸਰਕਾਰੀ ਖਾਤੇ ਵਿੱਚ 10 ਲੱਖ ਰੁਪਏ ਜਮ੍ਹਾਂ ਕਰਵਾਏ ਹਨ। ਇਸ ਵਿੱਚੋਂ 7 ਲੱਖ 84 ਹਜ਼ਾਰ ਰੁਪਏ ਅੰਮ੍ਰਿਤਪਾਲ ਸਿੰਘ ਤੇ 5 ਪੁਲਸ ਮੁਲਾਜ਼ਮਾਂ ਦੀਆਂ ਆਉਣ-ਜਾਣ ਦੀਆਂ ਹਵਾਈ ਟਿਕਟਾਂ 'ਤੇ ਖਰਚ ਹੋਣਗੇ। ਪੰਜਾਬ ਪੁਲਸ ਨੇ 3 ਦਿਨਾਂ ਦੀ ਪੈਰੋਲ ਲਈ ਸੁਰੱਖਿਆ ਪ੍ਰਬੰਧਾਂ ਦੀ ਅਸਮਰੱਥਾ ਜ਼ਾਹਰ ਕੀਤੀ ਸੀ, ਜਿਸ ਕਾਰਨ ਅਦਾਲਤ ਨੇ ਕੇਵਲ 3 ਘੰਟੇ ਦੀ ਹੀ ਪੈਰੋਲ ਮਨਜ਼ੂਰ ਕੀਤੀ।

— Shamsher Singh

DEFENCE

ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਾਈ-ਲੈਵਲ ਮੀਟਿੰਗ



ਪੰਜਾਬ ਵਿਧਾਨ

ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਾਈ-ਲੈਵਲ ਮੀਟਿੰਗ



ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਾਈ-ਲੈਵਲ ਮੀਟਿੰਗ

Friday, Nov 20, 2026 ।

ਚੰਡੀਗੜ੍ਹ: ਪੰਜਾਬ ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਵੱਖ-ਵੱਖ ਏਜੰਸੀਆਂ ਵਿਚਾਲੇ ਬਿਹਤਰ ਤਾਲਮੇਲ ਯਕੀਨੀ ਬਣਾਉਣ ਲਈ ਅੱਜ ਇਕ ਉੱਚ-ਪੱਧਰੀ ਅੰਤਰਰਾਜੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਪੰਜਾਬ ਦੇ ਸਪੈਸ਼ਲ ਡੀ.ਜੀ.ਪੀ. ਕਾਨੂੰਨ ਅਤੇ ਵਿਵਸਥਾ ਨੇ ਕੀਤੀ। ਮੀਟਿੰਗ ਵਿਚ ਪੰਜਾਬ ਦੇ ਮੁੱਖ ਚੋਣ ਅਧਿਕਾਰੀ , ਸੀਨੀਅਰ ਪੁਲਸ ਅਧਿਕਾਰੀਆਂ ਅਤੇ ਪੰਜਾਬ, ਰਾਜਸਥਾਨ, ਹਰਿਆਣਾ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਸਟੇਟ ਨੋਡਲ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਡਰੱਗ ਕੰਟਰੋਲਰਾਂ/ਨੁਮਾਇੰਦਿਆਂ ਦੇ ਨਾਲ BSF, CRPF, RPF, IB, NCB, ANTF ਅਤੇ ਆਬਕਾਰੀ ਤੇ ਕਰ ਵਿਭਾਗ ਦੇ ਨੁਮਾਇੰਦੇ ਵੀ ਮੌਜੂਦ ਰਹੇ।

ਮੀਟਿੰਗ ਦੌਰਾਨ ਕਾਨੂੰਨ-ਵਿਵਸਥਾ ਦੇ ਪ੍ਰਬੰਧਾਂ, ਫਿਰਕੂ ਅਤੇ ਸੰਵੇਦਨਸ਼ੀਲ ਮੁੱਦਿਆਂ, ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰ ਨੈੱਟਵਰਕਾਂ ਦੀ ਨਿਗਰਾਨੀ, ਸਰਹੱਦੀ ਚੌਕਸੀ ਮਜ਼ਬੂਤ ਕਰਨ, ਡਰੋਨ ਗਤੀਵਿਧੀਆਂ 'ਤੇ ਨਜ਼ਰ ਰੱਖਣ, ਸਾਂਝੇ ਆਪ੍ਰੇਸ਼ਨ ਚਲਾਉਣ ਅਤੇ ਨਸ਼ੀਲੇ ਪਦਾਰਥਾਂ, ਨਾਜਾਇਜ਼ ਸ਼ਰਾਬ, ਗੈਰ-ਕਾਨੂੰਨੀ ਹਥਿਆਰਾਂ, ਗੋਲਾ-ਬਾਰੂਦ ਅਤੇ ਵਿਸਫੋਟਕਾਂ ਦੀ ਅੰਤਰਰਾਜੀ ਤਸਕਰੀ ਨੂੰ ਰੋਕਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

— Shamsher Singh

EDUCATION

PSEB ਵੱਲੋਂ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਸਾਲ 2027 ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ



PSEB ਵੱਲੋਂ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਸਾਲ 2027 ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ

Friday, Nov 20, 2026।

ਮੋਹਾਲੀ (need24)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੈਕਟੀਕਲ ਅਤੇ ਲਿਖਤੀ ਪ੍ਰੀਖਿਆਵਾਂ ਦੀਆਂ ਮਿਤੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। 2027 ’ਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ਨੂੰ ਧਿਆਨ 'ਚ ਰੱਖਦਿਆਂ ਪ੍ਰੀਖਿਆਵਾਂ ਦਾ ਸ਼ਡਿਊਲ ਤਿਆਰ ਕੀਤਾ ਗਿਆ ਹੈ, ਤਾਂ ਜੋ ਚੋਣਾਂ ਨਾਲ ਸਬੰਧਤ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਡਿਊਟੀਆਂ ਕਾਰਨ ਬੋਰਡ ਦੀਆਂ ਪ੍ਰੀਖਿਆਵਾਂ ਦੇ ਸੁਚਾਰੂ ਸੰਚਾਲਨ ’ਚ ਕੋਈ ਵਿਘਨ ਨਾ ਪਵੇ ਅਤੇ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੈਕਟੀਕਲ ਪ੍ਰੀਖਿਆਵਾਂ ਮਿਤੀ 8 ਜਨਵਰੀ ਤੋਂ 20 ਜਨਵਰੀ 2027 ਤੱਕ ਕਰਵਾਈਆਂ ਜਾਣਗੀਆਂ ਅਤੇ ਲਿਖਤੀ ਪ੍ਰੀਖਿਆਵਾਂ ਅੱਠਵੀਂ ਅਤੇ ਬਾਰ੍ਹਵੀਂ ਜਮਾਤ ਲਈ 05 ਮਾਰਚ, 2027 ਤੋਂ ਅਤੇ ਦਸਵੀਂ ਜਮਾਤ ਲਈ 19 ਮਾਰਚ, 2027 ਤੋਂ ਸ਼ੁਰੂ ਹੋਣਗੀਆਂ।

ਪ੍ਰੀਖਿਆਵਾਂ ਦੇ ਸ਼ਡਿਊਲ ’ਚ ਓਪਨ ਸਕੂਲ ਦੀਆਂ ਪ੍ਰੀਖਿਆਵਾਂ ਵੀ ਸ਼ਾਮਲ ਹਨ। ਡੇਟਸ਼ੀਟ ਬੋਰਡ ਵੱਲੋਂ ਵੱਖਰੇ ਤੌਰ ’ਤੇ ਜਾਰੀ ਕੀਤੀ ਜਾਵੇਗੀ, ਜੋ ਬੋਰਡ ਦੀ ਅਧਿਕਾਰਤ ਵੈੱਬਸਾਈਟ www.pseb.ac.in ’ਤੇ ਉਪਲੱਬਧ ਹੋਵੇਗੀ। ਇਸ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਪ੍ਰੀਖਿਆਵਾਂ ’ਚ ਸ਼ਾਮਲ ਹੋਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਖਿਆਵਾਂ ਦੀ ਤਿਆਰੀ ਲਈ ਮਿਲੇ ਸਮੇਂ ਦੀ ਸੁਚੱਜੀ ਵਰਤੋਂ ਕਰਨ, ਆਤਮ-ਵਿਸ਼ਵਾਸ ਬਣਾਈ ਰੱਖਣ ਅਤੇ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਪੂਰੀ ਲਗਨ ਅਤੇ ਮਿਹਨਤ ਨਾਲ ਯਤਨ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰੀਖਿਆਵਾਂ ਦੇ ਨਿਰਪੱਖ, ਪਾਰਦਰਸ਼ੀ ਅਤੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵਚਨਬੱਧ ਹੈ।

— Shamsher Singh

RELIGION

ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜਥਾ 22 ਨਵੰਬਰ ਨੂੰ ਜਾਵੇਗਾ ਪਾਕਿਸਤਾਨ



ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜਥਾ 22 ਨਵੰਬਰ ਨੂੰ ਜਾਵੇਗਾ ਪਾਕਿਸਤਾਨ

Friday, Nov 20, 2026 ।

ਅੰਮ੍ਰਿਤਸਰ(need 24) : ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ 22 ਨਵੰਬਰ 2026 ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ।

POLITICS

ਜਿਸ ਦੀਆਂ ਲੱਤਾਂ ਭਾਰ ਨਹੀਂ ਝੱਲਦੀਆਂ ਉਹ ਪਾਰਟੀ ਛੱਡ ਸਕਦਾ, ਪਰਗਟ ਸਿੰਘ ਦੀ ਚਿਤਾਵਨੀ



ਜਿਸ ਦੀਆਂ ਲੱਤਾਂ ਭਾਰ ਨਹੀਂ ਝੱਲਦੀਆਂ ਉਹ ਪਾਰਟੀ ਛੱਡ ਸਕਦਾ, ਪਰਗਟ ਸਿੰਘ ਦੀ ਚਿਤਾਵਨੀ

Friday, Nov 20, 2026 ।

ਚੰਡੀਗੜ੍ਹ/ਲੁਧਿਆਣਾ : ਸੂਬਾ ਕਾਂਗਰਸ ਪ੍ਰਧਾਨ ਪਰਗਟ ਸਿੰਘ ਨੇ ਪਾਰਟੀ ਦੇ ਉਨ੍ਹਾਂ ਲੀਡਰਾਂ ਨੂੰ ਸਖ਼ਤ ਸ਼ਬਦਾਂ ਵਿਚ ਚਿਤਾਵਨੀ ਦਿੱਤੀ ਹੈ ਜਿਹੜੇ ਕਾਂਗਰਸ ਛੱਡ ਕੇ ਹੋਰ ਪਾਰਟੀਆਂ ਵਿਚ ਜਾਣ ਦੀ ਯੋਜਨਾ ਬਣਾ ਰਹੇ ਹਨ। ਪਰਗਟ ਸਿੰਘ ਨੇ ਸਾਫ ਆਖਿਆ ਹੈ ਕਿ ਜੇਕਰ ਕਿਸੇ ਨੂੰ ਡਰ ਲੱਗਦਾ ਹੈ ਅਤੇ ਉਨ੍ਹਾਂ ਦੀਆਂ ਲੱਤਾਂ ਭਾਰ ਨਹੀਂ ਝੱਲਦੀਆਂ ਤਾਂ ਉਹ ਹੁਣੇ ਪਾਰਟੀ ਛੱਡ ਕੇ ਜਾ ਸਕਦੇ ਹਨ। ਪਰਗਟ ਸਿੰਘ ਨੇ ਕਿਹਾ ਕਿ ਜਿਹੜੇ ਲੋਕ ਕਾਂਗਰਸ ਦੀ ਵਿਚਾਰਧਾਰਾ ਨਾਲ ਅਸਹਿਮਤ ਹਨ, ਉਹ ਵੀ ਪਾਰਟੀ ਛੱਡ ਸਕਦੇ ਹਨ।

ਪਰਗਟ ਸਿੰਘ ਨੇ ਸਪੱਸ਼ਟ ਕੀਤਾ ਕਿ ਕਿਸੇ ਦੇ ਪਾਰਟੀ ਛੱਡਣ ਨਾਲ ਪਾਰਟੀ ਨੂੰ ਕੋਈ ਫਰਕ ਨਹੀਂ ਪੈਂਦਾ। ਦਰਅਸਲ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਹਰਦਿਆਲ ਕੰਬੋਜ ਭਾਜਪਾ ਵਿਚ ਸ਼ਾਮਲ ਹੋ ਗਏ ਹਨ ਅਤੇ ਕੁਝ ਹੋਰ ਆਗੂ ਵੀ ਹਨ ਜਿਨ੍ਹਾਂ ਦੇ ਪਾਰਟੀ ਬਦਲਣ ਦੇ ਚਰਚੇ ਹਨ। ਲਿਹਾਜ਼ਾ ਪਰਗਟ ਸਿੰਘ ਨੇ ਉਨ੍ਹਾਂ ਆਗੂਆਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਹੈ ਕਿ ਜੇਕਰ ਕੋਈ ਜਾਣਾ ਚਾਹੁੰਦਾ ਹੈ ਤਾਂ ਜਾ ਸਕਦਾ ਹੈ ਪਾਰਟੀ ਕੋਲ ਨੌਜਵਾਨਾਂ ਦੀ ਫੌਜ ਹੈ, ਜਿਹੜੇ ਪੰਜਾਬ ਦੇ ਭਲੇ ਬਾਰੇ ਸੋਚਦੇ ਹਨ। ਜੇਕਰ ਕੋਈ ਪਾਰਟੀ ਛੱਡਦਾ ਹੈ ਤਾਂ ਪਾਰਟੀ ਨੂੰ ਇਸ ਨਾਲ ਕੋਈ ਫਰਕ ਨਹੀਂ ਪਵੇਗਾ। ਪੰਜਾਬੀਖ਼ਬਰਾਂ ਪੋਰਟਲ

— Shamsher Singh

RELIGION

ਜਲੰਧਰ 'ਚ ਭਲਕੇ ਸਜਾਇਆ ਜਾਵੇਗਾ ਨਗਰ ਕੀਰਤਨ! ਰਸਤੇ ਰਹਿਣਗੇ ਡਾਇਵਰਟ, ਰੂਟ ਪਲਾਨ ਜਾਰੀ



ਜਲੰਧਰ 'ਚ ਭਲਕੇ ਸਜਾਇਆ ਜਾਵੇਗਾ ਨਗਰ ਕੀਰਤਨ! ਰਸਤੇ ਰਹਿਣਗੇ ਡਾਇਵਰਟ, ਰੂਟ ਪਲਾਨ ਜਾਰੀ

Friday, Nov 20, 2026।

ਜਲੰਧਰ (ssm)- ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਦੇ ਸਬੰਧ 'ਚ ਭਲਕੇ ਯਾਨੀ ਕਿ 21 ਨਵੰਬਰ ਸ਼ਨੀਵਾਰ ਨੂੰ ਜਲੰਧਰ ਸ਼ਹਿਰ 'ਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਸਬੰਧੀ ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਨੂੰ ਸੁਚਾਰੂ ਬਣਾਈ ਰੱਖਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮਾਡਲ ਟਾਊਨ ਤੋਂ ਆਰੰਭ ਹੋਵੇਗਾ ਅਤੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਅਤੇ ਪ੍ਰਮੁੱਖ ਸੜਕਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਦੀਵਾਨ ਅਸਥਾਨ, ਸੈਂਟਰਲ ਟਾਊਨ ਵਿਖੇ ਪਹੁੰਚ ਕੇ ਸੰਪੰਨ ਹੋਵੇਗਾ। ਇਸੇ ਦੇ ਸਬੰਧ ਵਿਚ ਟਰੈਫਿਕ ਪੁਲਸ ਵੱਲੋਂ ਰੂਟ ਪਲਾਨ ਜਾਰੀ ਕੀਤਾ ਗਿਆ ਹੈ ਅਤੇ ਰਸਤੇ ਡਾਇਵਰਟ ਰਹਿਣਗੇ।

ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਜਾਰੀ ਸੂਚਨਾ ਅਨੁਸਾਰ 21 ਨਵੰਬਰ ਨੂੰ ਸਵੇਰੇ 9 ਵਜੇ ਤੋਂ 10 ਵਜੇ ਤੱਕ ਨਗਰ ਕੀਰਤਨ ਦੇ ਰੂਟ ’ਤੇ ਟਰੈਫਿਕ ਡਾਇਵਰਟ ਕੀਤਾ ਜਾਵੇਗਾ। ਇਸ ਦੌਰਾਨ ਵਾਹਨ ਚਾਲਕਾਂ ਨੂੰ ਬਦਲਵੇਂ ਰਸਤਿਆਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਗਈ ਹੈ। ਪੁਲਸ ਵੱਲੋਂ ਆਮ ਲੋਕਾਂ ਅਤੇ ਵਾਹਨ ਚਾਲਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਪੁਲਸ ਮੁਲਾਜ਼ਮਾਂ ਦੇ ਨਿਰਦੇਸ਼ਾਂ ਮੁਤਾਬਕ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ। ਟਰੈਫਿਕ ਸਬੰਧੀ ਜਾਣਕਾਰੀ ਜਾਂ ਸਹਾਇਤਾ ਲਈ ਟਰੈਫਿਕ ਪੁਲਸ ਦੇ ਹੈਲਪਲਾਈਨ ਨੰਬਰ 0181-2227296 'ਤੇ ਸੰਪਰਕ ਕੀਤਾ ਜਾ ਸਕਦਾ ਹੈ

— Shamsher Singh

AUTOMOBILE

ਪੰਜਾਬ: ਇਨ੍ਹਾਂ ਵਾਹਨ ਚਾਲਕਾਂ ਲਈ ਨਵੇਂ ਹੁਕਮ ਜਾਰੀ! ਸ਼ਾਮ 7 ਤੋਂ ਸਵੇਰੇ 7 ਵਜੇ ਤੱਕ...



ਪੰਜਾਬ: ਇਨ੍ਹਾਂ ਵਾਹਨ ਚਾਲਕਾਂ ਲਈ ਨਵੇਂ ਹੁਕਮ ਜਾਰੀ! ਸ਼ਾਮ 7 ਤੋਂ ਸਵੇਰੇ 7 ਵਜੇ ਤੱਕ...

Friday, Nov 20, 2026।

ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ’ਚ ਆਇਆ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਮਾਹਿਲਪੁਰ ਰੋਡ ਅਤੇ ਨੰਗਲ-ਗੜ੍ਹਸ਼ੰਕਰ ਰੋਡ ’ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰਾਂ ਅਤੇ ਟਰੱਕਾਂ ਕਾਰਨ ਅਕਸਰ ਸੜਕ ਹਾਦਸੇ ਵਾਪਰਦੇ ਰਹਿੰਦੇ ਹਨ, ਜਿਨ੍ਹਾਂ ਨਾਲ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ। ਲੋਕ ਹਿੱਤਾਂ ਅਤੇ ਸੜਕ ਸੁਰੱਖਿਆ ਨੂੰ ਮੁੱਖ ਰੱਖਦਿਆਂ ਇਨ੍ਹਾਂ ਰੂਟਾਂ ’ਤੇ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਸਮਾਂਬੱਧ ਤਰੀਕੇ ਨਾਲ ਨਿਯਮਤ ਕਰਨ ਦੀ ਸਖ਼ਤ ਲੋੜ ਮਹਿਸੂਸ ਕੀਤੀ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਤਹਿਤ ਸਬੰਧਤ ਵਿਭਾਗਾਂ ਦੀ ਜ਼ਿੰਮੇਵਾਰੀ ਤੈਅ ਕਰਦਿਆਂ ਹੇਠ ਲਿਖੇ ਨਿਰਦੇਸ਼ ਦਿੱਤੇ ਗਏ ਹਨ।

ਰੀਜਨਲ ਟਰਾਂਸਪੋਰਟ ਅਥਾਰਿਟੀ ਹੁਸ਼ਿਆਰਪੁਰ ਵੱਲੋਂ ਜਾਰੀ ਹੁਕਮਾਂ ਦੇ ਸਨਮੁੱਖ ਓਵਰਲੋਡਿੰਗ ਅਤੇ ਹੋਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਵਿਰੁੱਧ ਸਖ਼ਤ ਚੈਕਿੰਗ ਅਤੇ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਅੰਤਰ-ਰਾਜੀ ਚੈੱਕ ਪੋਸਟਾਂ 'ਤੇ ਨਿਗਰਾਨੀ: ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ-ਜ਼ਿਲਾ ਮਾਈਨਿੰਗ ਅਫ਼ਸਰ, ਹੁਸ਼ਿਆਰਪੁਰ ਅੰਤਰ-ਰਾਜੀ ਚੈੱਕ ਪੋਸਟਾਂ 'ਤੇ 24×7 ਸਖ਼ਤ ਨਿਗਰਾਨੀ ਯਕੀਨੀ ਬਣਾਉਣਗੇ ਅਤੇ ਚੈੱਕ ਪੋਸਟਾਂ 'ਤੇ ਲੱਗੇ ਭਾਰ ਤੋਲਣ ਵਾਲੇ ਕੰਡਿਆਂ ਦੀ ਵਰਤੋਂ ਕਰਕੇ ਓਵਰਲੋਡਿਡ ਟਿੱਪਰਾਂ ਦੀ ਜਾਂਚ ਕਰਨ ਉਪਰੰਤ ਨਿਯਮਾਂ ਅਨੁਸਾਰ ਕਾਰਵਾਈ ਅਮਲ 'ਚ ਲਿਆਉਣਗੇ।

— Shamsher Singh

INTERNATIONAL

ਇਕ ਸਿੱਖ ਔਰਤ ਕਾਰਨ US 'ਚ ਬਦਲ ਜਾਵੇਗਾ ਪ੍ਰਵਾਸੀਆਂ ਲਈ ਇਹ ਨਿਯਮ ! ਬਿੱਲ ਪੇਸ਼



ਇਕ ਸਿੱਖ ਔਰਤ ਕਾਰਨ US 'ਚ ਬਦਲ ਜਾਵੇਗਾ ਪ੍ਰਵਾਸੀਆਂ ਲਈ ਇਹ ਨਿਯਮ ! ਬਿੱਲ ਪੇਸ਼

Friday, Nov 20, 2026।

ਵਾਸ਼ਿੰਗਟਨ (ਭਾਸ਼ਾ)- ਤਿੰਨ ਦਹਾਕਿਆਂ ਤੱਕ ਅਮਰੀਕਾ ਵਿੱਚ ਰਹਿਣ ਤੋਂ ਬਾਅਦ ਇੱਕ ਬਜ਼ੁਰਗ ਭਾਰਤੀ ਮੂਲ ਦੀ ਸਿੱਖ ਔਰਤ ਨੂੰ ਭਾਰਤ ਭੇਜੇ ਜਾਣ ਦੇ ਮੱਦੇਨਜ਼ਰ ਕੈਲੀਫੋਰਨੀਆ ਦੇ ਚਾਰ ਸੰਸਦ ਮੈਂਬਰਾਂ ਨੇ ਅਮਰੀਕਾ ਵਿੱਚ ਲੰਬੇ ਸਮੇਂ ਤੋਂ ਰਹਿ ਰਹੇ ਪ੍ਰਵਾਸੀਆਂ ਦੀ ਰੱਖਿਆ ਲਈ ਅਮਰੀਕੀ ਕਾਂਗਰਸ ਵਿੱਚ ਇੱਕ ਬਿੱਲ ਪੇਸ਼ ਕੀਤਾ ਹੈ। ਕਾਂਗਰਸਮੈਨ ਜੌਨ ਗੈਰਾਮੇਂਡੀ ਦੁਆਰਾ ਪੇਸ਼ ਕੀਤਾ ਗਿਆ 'ਪ੍ਰੋਟੈਕਟ ਆਵਰ ਨੇਬਰਜ਼ ਐਕਟ' ਨਾਮਕ ਇਹ ਬਿੱਲ ਪਿਛਲੇ ਸਾਲ ਅਮਰੀਕੀ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਏਜੰਸੀ (ਆਈਸੀਈ) ਦੁਆਰਾ ਸੈਨ ਫਰਾਂਸਿਸਕੋ ਬੇ ਏਰੀਆ ਨਿਵਾਸੀ ਹਰਜੀਤ ਕੌਰ ਨੂੰ ਭਾਰਤ ਭੇਜੇ ਜਾਣ ਤੋਂ ਪ੍ਰੇਰਿਤ ਹੈ। ਬਿੱਲ ਨੂੰ ਕਾਂਗਰਸਮੈਨ ਲਤੀਫ ਸਾਈਮਨ, ਜ਼ੋਈ ਲੋਫਗ੍ਰੇਨ ਅਤੇ ਜੁਆਨ ਵਰਗਸ ਦਾ ਵੀ ਸਮਰਥਨ ਪ੍ਰਾਪਤ ਹੋਇਆ ਹੈ। ਸਾਈਮਨ ਨੇ ਕਿਹਾ, "ਪ੍ਰੋਟੈਕਟ ਆਵਰ ਨੇਬਰਜ਼ ਐਕਟ ਕੌਰ ਵਰਗੇ ਲੋਕਾਂ ਨੂੰ, ਜਿਨ੍ਹਾਂ ਨੇ ਦਹਾਕਿਆਂ ਤੋਂ ਮੇਰੇ ਹਲਕੇ ਵਿੱਚ ਕੰਮ ਕੀਤਾ ਹੈ, ਨੂੰ ਦੇਸ਼ ਨਿਕਾਲਾ ਦੇ ਅੰਤਿਮ ਆਦੇਸ਼ਾਂ ਤੋਂ ਰਾਹਤ ਲੈਣ ਅਤੇ ਅਮਰੀਕਾ ਵਿੱਚ ਆਪਣੇ ਲਈ ਇੱਕ ਭਵਿੱਖ ਬਣਾਉਣ ਦਾ ਇੱਕ ਉਚਿਤ ਮੌਕਾ ਪ੍ਰਦਾਨ ਕਰੇਗਾ।"

ਲੈਣ ਅਤੇ ਅਮਰੀਕਾ ਵਿੱਚ ਆਪਣੇ ਲਈ ਇੱਕ ਭਵਿੱਖ ਬਣਾਉਣ ਦਾ ਇੱਕ ਉਚਿਤ ਮੌਕਾ ਪ੍ਰਦਾਨ ਕਰੇਗਾ।"

ਬਣਾਏ ਹਨ ਅਤੇ ਪਰਿਵਾਰ ਬਣਾਏ ਹਨ। ਗੈਰਾਮੇਂਡੀ ਨੇ ਕਿਹਾ ਕਿ ਲਗਭਗ ਇੱਕ ਸਾਲ ਪਹਿਲਾਂ ICE ਨੇ 73 ਸਾਲਾ ਹਰਜੀਤ ਕੌਰ ਨੂੰ ਹਿਰਾਸਤ ਵਿੱਚ ਲਿਆ ਅਤੇ ਦੇਸ਼ ਨਿਕਾਲਾ ਦਿੱਤਾ ਸੀ। ਉਸਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਸੀ ਅਤੇ ਉਹ 13 ਸਾਲਾਂ ਤੋਂ ਵੱਧ ਸਮੇਂ ਲਈ ਹਰ ਛੇ ਮਹੀਨਿਆਂ ਵਿੱਚ ICE ਦੇ ਸਾਹਮਣੇ ਨਿਯਮਿਤ ਤੌਰ 'ਤੇ ਪੇਸ਼ ਹੁੰਦੀ ਸੀ। ਉਸਨੇ ਕੌਰ ਦੀ ਨਜ਼ਰਬੰਦੀ ਅਤੇ ਦੇਸ਼ ਨਿਕਾਲੇ ਨੂੰ ਬੇਰਹਿਮ ਅਤੇ ਬੇਇਨਸਾਫ਼ੀ ਕਿਹਾ। ਗੈਰਾਮੇਂਡੀ ਨੇ ਦੋਸ਼ ਲਗਾਇਆ ਕਿ ਇਹ ਘਟਨਾ ਉਨ੍ਹਾਂ ਹਜ਼ਾਰਾਂ ਮਾਮਲਿਆਂ ਵਿੱਚੋਂ ਇੱਕ ਹੈ ਜਿੱਥੇ ਰਾਸ਼ਟਰਪਤੀ ਡੋਨਾਲਡ ਟਰੰਪ

ਜਨਵਰੀ 2027 ਨੂੰ ਆਧਾਰ ਮਿਤੀ ਮੰਨ ਕੇ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਉਦੇਸ਼ ਵੋਟਰਾਂ ਨੂੰ ਵੋਟਰ ਸੂਚੀ ਨਾਲ ਸਬੰਧਤ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦੀ ਸਹੂਲਤ ਪ੍ਰਦਾਨ ਕਰਨਾ ਹੈ, ਤਾਂ ਜੋ ਯੋਗ ਨਾਗਰਿਕ ਆਪਣੇ ਵੋਟਰ ਵੇਰਵਿਆਂ ਦੀ ਜਾਂਚ ਕਰਕੇ ਲੋੜੀਂਦੀ ਪ੍ਰਕਿਰਿਆ ਪੂਰੀ ਕਰ ਸਕਣ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਕੈਂਪਾਂ ਦੌਰਾਨ ਸਾਰੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ ’ਤੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਹਾਜ਼ਰ ਰਹਿਣਗੇ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੈਂਪ ਵਾਲੇ ਦਿਨ ਪੋਲਿੰਗ ਸਟੇਸ਼ਨਾਂ ਦੀਆਂ ਇਮਾਰਤਾਂ ਖੁੱਲ੍ਹੀਆਂ ਰੱਖੀਆਂ ਜਾਣ ਅਤੇ ਉੱਥੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ।

ਉਨ੍ਹਾਂ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੂਥ ਲੈਵਲ ਏਜੰਟਾਂ ਰਾਹੀਂ ਵੋਟਰਾਂ ਨੂੰ ਜਾਗਰੂਕ ਕਰਨ ਅਤੇ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਵਿੱਚ ਸਹਿਯੋਗ ਦੇਣ।

ਡਾ. ਨਿਰਮਲ ਓਸੇਪਚਨ ਨੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਵਿਸ਼ੇਸ਼ ਕੈਂਪਾਂ ਦੇ ਆਯੋਜਨ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰਨ ਅਤੇ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

— Parkash singh

CRIME

ਹੁਸ਼ਿਆਰਪੁਰ ਦੇ ਦਸਹਿਰਾ ਗਰਾਊਂਡ ਨੇੜੇ ਗੋਲੀਬਾਰੀ, ਕੋਈ ਜਖਮੀ ਨਹੀਂ



ਹੁਸ਼ਿਆਰਪੁਰ, ਪੰਜਾਬ – ਦਸਹਿਰਾ ਗਰਾਊਂਡ ਦੇ ਨੇੜੇ ਅੱਜ ਇੱਕ ਵਿਅਕਤੀ ਉੱਤੇ ਗੋਲੀ ਚਲਾਈ ਗਈ। ਗੋਲੀਬਾਰੀ ਦੌਰਾਨ ਇੱਕ ਗੋਲੀ ਖੰਬੇ ਨਾਲ ਟੱਕਰਾਈ ਅਤੇ ਦੂਜੀ ਹਵਾ ਵਿੱਚ ਉੱਡ ਗਈ।

ਗੋਲੀ ਚਲਾਉਣ ਵਾਲਾ ਵਿਅਕਤੀ 20-25 ਸਾਲ ਦਾ ਮੁੰਡਾ, ਹੁਣਸੇਫ ਜਾਨੀ, ਪਛਾਣਿਆ ਗਿਆ। ਹਾਲਾਤਾਂ ਦੇ ਮੁਤਾਬਕ, ਗੋਲੀਬਾਰੀ ਵਿੱਚ ਕਿਸੇ ਨੂੰ ਕੋਈ ਸਰੀਰਕ ਨੁਕਸਾਨ ਨਹੀਂ ਹੋਇਆ।

ਪੁਲਿਸ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਸੰਬੰਧਤ ਵਿਅਕਤੀ ਨੂੰ ਹਿਰਾਸਤ ਵਿੱਚ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ।

— Amandeep Singh

ਵੋਟਰ ਸੂਚੀਆਂ ਦੀ ਸੁਧਾਈ ਲਈ 22 ਨਵੰਬਰ ਅਤੇ 6 ਦਸੰਬਰ ਨੂੰ ਲੱਗਣਗੇ ਵਿਸ਼ੇਸ਼ ਕੈਂਪ



ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਪੋਲਿੰਗ ਬੂਥਾਂ ’ਤੇ ਹਾਜ਼ਰ ਰਹਿਣਗੇ ਬੀ.ਐੱਲ.ਓਜ਼; ਨਵੀਂ ਵੋਟ ਬਣਵਾਉਣ, ਕਟਵਾਉਣ ਅਤੇ ਵੇਰਵਿਆਂ ਦੀ ਸੋਧ ਲਈ ਮਿਲੇਗੀ ਸਹੂਲਤ

ਬਠਿੰਡਾ, 20 ਨਵੰਬਰ (ਜੀਵਨ ਬਾਂਸਲ): ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ (ਸਪੈਸ਼ਲ ਸਮਰੀ ਰਿਵੀਜ਼ਨ) ਤਹਿਤ ਜ਼ਿਲ੍ਹਾ ਬਠਿੰਡਾ ਦੇ ਸਮੂਹ ਪੋਲਿੰਗ ਬੂਥਾਂ ’ਤੇ 22 ਨਵੰਬਰ ਅਤੇ 6 ਦਸੰਬਰ 2026 ਨੂੰ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰ (ਬੀ.ਐੱਲ.ਓਜ਼) ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਆਪਣੇ-ਆਪਣੇ ਪੋਲਿੰਗ ਬੂਥਾਂ ’ਤੇ ਹਾਜ਼ਰ ਰਹਿ ਕੇ ਵੋਟਰਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਗੇ।

ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ ’ਤੇ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾ ਰਹੀ ਹੈ। ਇਸ ਦੌਰਾਨ ਯੋਗ ਨਾਗਰਿਕ ਆਪਣੇ ਦਾਅਵੇ ਅਤੇ ਇਤਰਾਜ਼ ਦਰਜ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਵਿੱਚ ਨਵੀਂ ਵੋਟ ਦਰਜ ਕਰਵਾਉਣ, ਨਾਮ ਕਟਵਾਉਣ ਜਾਂ ਵੇਰਵਿਆਂ ਵਿੱਚ ਸੋਧ ਕਰਵਾਉਣ ਲਈ ਆਨਲਾਈਨ ਅਤੇ ਆਫਲਾਈਨ ਦੋਵੇਂ ਤਰੀਕਿਆਂ ਨਾਲ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਉਹ ਯੋਗ ਨਾਗਰਿਕ, ਜਿਨ੍ਹਾਂ ਦੀ ਵੋਟ ਅਜੇ ਤੱਕ ਵੋਟਰ ਸੂਚੀ ਵਿੱਚ ਦਰਜ ਨਹੀਂ ਹੈ, ਨਵੀਂ ਵੋਟ ਬਣਵਾਉਣ ਲਈ ਫਾਰਮ ਨੰਬਰ 6 ਭਰ ਸਕਦੇ ਹਨ। ਇਹ ਫਾਰਮ ਆਨਲਾਈਨ ਪੋਰਟਲ voters.eci.gov.in, ਮੋਬਾਈਲ ਐਪ ECINet ਜਾਂ ਆਫਲਾਈਨ ਭਰ ਕੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਵਿੱਚ ਜਮ੍ਹਾਂ ਕਰਵਾਇਆ ਜਾ ਸਕਦਾ ਹੈ।

ਇਸੇ ਤਰ੍ਹਾਂ ਮ੍ਰਿਤਕ ਵੋਟਰਾਂ, ਡੁਪਲੀਕੇਟ ਵੋਟਾਂ ਜਾਂ ਨਿਯਮਾਂ ਅਨੁਸਾਰ ਹੋਰ ਯੋਗ ਆਧਾਰਾਂ ’ਤੇ ਵੋਟਰ ਸੂਚੀ ਵਿੱਚੋਂ ਨਾਮ ਹਟਵਾਉਣ ਲਈ ਫਾਰਮ ਨੰਬਰ 7 ਭਰਨਾ ਹੋਵੇਗਾ। ਜਦਕਿ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ, ਰਿਹਾਇਸ਼ ਬਦਲਣ ਕਾਰਨ ਵੋਟ ਤਬਦੀਲ ਕਰਵਾਉਣ ਅਤੇ ਵੋਟਰ ਪਛਾਣ ਪੱਤਰ (ਵੋਟਰ ਆਈ.ਡੀ.) ਨਾਲ ਸਬੰਧਤ ਸੇਵਾਵਾਂ ਲਈ ਫਾਰਮ ਨੰਬਰ 8 ਦੀ ਵਰਤੋਂ ਕੀਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਮਿਤੀਆਂ ’ਤੇ ਆਪਣੇ ਪੋਲਿੰਗ ਬੂਥਾਂ ’ਤੇ ਪਹੁੰਚ ਕੇ ਵੋਟਰ ਸੂਚੀ ਦੀ ਜਾਂਚ ਕਰਨ ਅਤੇ ਲੋੜ ਅਨੁਸਾਰ ਨਵੀਂ ਵੋਟ ਬਣਵਾਉਣ ਜਾਂ ਵੇਰਵਿਆਂ ਵਿੱਚ ਸੋਧ ਲਈ ਅਰਜ਼ੀ ਦੇਣ।

— Jiwan kumar, Bathinda

20 ਏਕੜ ’ਚ ਪਰਾਲੀ ਸੰਭਾਲ ਕੇ ਕਿਸਾਨ ਗੁਰਮੇਲ ਸਿੰਘ ਨੇ ਪੇਸ਼ ਕੀਤੀ ਮਿਸਾਲ : ਕੇ.ਵੀ.ਕੇ. ਵੱਲੋਂ ਸੁਪਰ ਸੀਡਰ ਦੀ ਪ੍ਰਦਰਸ਼ਨੀ; ਕਿਰਾਏ ਦੀ ਮਸ਼ੀਨਰੀ ਨਾਲ ਕਰ ਰਹੇ ਨੇ ਪਰਾਲੀ ਦਾ ਪ੍ਰਬੰਧਨ



ਬਠਿੰਡਾ, 20 ਨਵੰਬਰ (ਜੀਵਨ ਬਾਂਸਲ): ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੰਭਾਲ ਕੇ ਕਣਕ ਦੀ ਬਿਜਾਈ ਕਰਨ ਲਈ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ‘ਖੇਤ ਬਚਾਓ ਅਭਿਆਨ’ ਤਹਿਤ ਪਿੰਡ ਕਿਲੀ ਨਿਹਾਲ ਸਿੰਘ ਵਾਲਾ ਵਿਖੇ ਸੁਪਰ ਸੀਡਰ ਦੀ ਪ੍ਰਦਰਸ਼ਨੀ ਲਗਾਈ ਗਈ। ਇਹ ਪ੍ਰਦਰਸ਼ਨੀ ਕਿਸਾਨ ਗੁਰਮੇਲ ਸਿੰਘ ਪੁੱਤਰ ਲਾਭ ਸਿੰਘ ਦੇ ਖੇਤਾਂ ਵਿੱਚ ਡਾ. ਗੁਰਦੀਪ ਸਿੰਘ, ਡਿਪਟੀ ਡਾਇਰੈਕਟਰ, ਕੇ.ਵੀ.ਕੇ. ਬਠਿੰਡਾ ਦੀ ਅਗਵਾਈ ਹੇਠ ਕਰਵਾਈ ਗਈ।

ਇਸ ਮੌਕੇ ਕਿਸਾਨ ਗੁਰਮੇਲ ਸਿੰਘ ਨੇ ਆਪਣਾ ਤਜਰਬਾ ਸਾਂਝਾ ਕਰਦਿਆਂ ਦੱਸਿਆ ਕਿ ਉਹ ਲਗਭਗ 20 ਏਕੜ ਰਕਬੇ ਵਿੱਚ ਖੇਤੀ ਕਰਦੇ ਹਨ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਕਿਰਾਏ ’ਤੇ ਲੈ ਕੇ ਪਰਾਲੀ ਦਾ ਖੇਤ ਵਿੱਚ ਹੀ ਪ੍ਰਬੰਧ ਕਰਦੇ ਹਨ। ਇਸ ਵਾਰ ਉਨ੍ਹਾਂ ਨੇ ਘੱਟ ਸਮੇਂ ਵਿੱਚ ਪੱਕਣ ਵਾਲੀ ਝੋਨੇ ਦੀ ਕਿਸਮ ਪੀ.ਆਰ.-126 ਦੀ ਕਾਸ਼ਤ ਕੀਤੀ, ਜਿਸ ਨਾਲ ਸਿੰਚਾਈ ਲਈ ਪਾਣੀ ਦੀ ਵਰਤੋਂ ਘਟੀ ਅਤੇ ਫ਼ਸਲ ਵੀ ਸਮੇਂ ਸਿਰ ਪੱਕ ਕੇ ਤਿਆਰ ਹੋ ਗਈ।

ਉਨ੍ਹਾਂ ਦੱਸਿਆ ਕਿ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਸੁਪਰ ਸੀਡਰ ਦੀ ਮਦਦ ਨਾਲ ਖੇਤ ਵਿੱਚ ਹੀ ਸੰਭਾਲ ਕੇ ਕਣਕ ਦੀ ਬਿਜਾਈ ਕੀਤੀ ਗਈ ਹੈ। ਉਨ੍ਹਾਂ ਅਨੁਸਾਰ ਇਸ ਤਕਨੀਕ ਨਾਲ ਪਾਣੀ ਦੀ ਸੁਚੱਜੀ ਵਰਤੋਂ ਕਰਨ ਦੇ ਨਾਲ-ਨਾਲ ਖਾਦਾਂ ਦੀ ਲੋੜ ਅਤੇ ਖੇਤੀ ਲਾਗਤਾਂ ਵੀ ਘਟਾਈਆਂ ਜਾ ਸਕਦੀਆਂ ਹਨ। ਉਨ੍ਹਾਂ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੰਭਾਲਣ ਦੀ ਅਪੀਲ ਕੀਤੀ।

ਵਿਗਿਆਨ ਕੇਂਦਰ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਵਾਜਬ ਕਿਰਾਏ ’ਤੇ ਮੁਹੱਈਆ ਕਰਵਾਈ ਜਾਂਦੀ ਹੈ, ਤਾਂ ਜੋ ਉਹ ਪਰਾਲੀ ਨੂੰ ਖੇਤ ਵਿੱਚ ਸੰਭਾਲ ਕੇ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰ ਸਕਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਜ਼ਮੀਨ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ ਅਤੇ ਵਾਤਾਵਰਨ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਵਿੱਚ ਵੀ ਮਦਦ ਮਿਲਦੀ ਹੈ। ਉਨ੍ਹਾਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਪਰਾਲੀ ਪ੍ਰਬੰਧਨ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਪੀ.ਐੱਫ.ਈ.), ਨੇ ਵੀ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਅਤੇ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਰਾਹੀਂ ਖੇਤੀ ਨੂੰ ਵਧੇਰੇ ਲਾਹੇਵੰਦ ਅਤੇ ਵਾਤਾਵਰਨ ਪੱਖੀ ਬਣਾਉਣ ਬਾਰੇ ਜਾਣਕਾਰੀ ਦਿੱਤੀ।

— Jiwan kumar, Bathinda

LOCAL

ਜਲੰਧਰ ਦੇ ਡਿਫੈਂਸ ਕਾਲੋਨੀ ਵਿੱਚ ਫੁੱਟਪਾਥ 'ਤੇ ਸਾਇਲੈਂਟ ਜਨਰੇਟਰ ਲਗਾਇਆ



ਜਲੰਧਰ, ਪੰਜਾਬ – ਡਿਫੈਂਸ ਕਾਲੋਨੀ ਦੇ ਮਾਡਲ ਟਾਊਨ ਰੋਡ 'ਤੇ ਫੁੱਟਪਾਥ 'ਤੇ ਇੱਕ ਸਾਇਲੈਂਟ ਜਨਰੇਟਰ ਲਗਾਇਆ ਗਿਆ।

ਇਹ ਜਨਰੇਟਰ ਸ਼ੋਰ-ਰਹਿਤ ਤਰੀਕੇ ਨਾਲ ਚਲਣ ਲਈ ਤਿਆਰ ਕੀਤਾ ਗਿਆ ਹੈ, ਜਿਸ ਨਾਲ ਪੈਦਲ ਯਾਤਰੀਆਂ ਅਤੇ ਨੇੜਲੇ ਰਹਿਣ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਹੀਂ ਹੋਵੇਗੀ।

ਸਥਾਨਕ ਪੱਧਰ 'ਤੇ ਇਸ ਤਰ੍ਹਾਂ ਦੀ ਸੈਟਿੰਗ ਨੂੰ ਸ਼ਹਿਰੀ ਢਾਂਚੇ ਦੀ ਸੁਧਾਰ ਅਤੇ ਬਿਜਲੀ ਦੀ ਲਗਾਤਾਰ ਸਪਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕੀਤਾ ਗਿਆ ਹੈ।

— Sunny Kumar, Jalandhar

LOCAL

ਜਜੋਤੀ ਚੌਕ ਬਜ਼ਾਰ ਵਿੱਚ ਗੱਡੀਆਂ ਦੀ ਖੜੀ ਹੋਣ ਕਾਰਨ ਟਰੈਫਿਕ ਜਾਮ



ਪੰਜਾਬ ਦੇ ਇੱਕ ਸ਼ਹਿਰੀ ਇਲਾਕੇ ਵਿੱਚ ਜਜੋਤੀ ਚੌਕ ਬਜ਼ਾਰ ਦੀ ਰੋਡ ਦੇ ਕਿਨਾਰੇ ਹਰ ਰੋਜ਼ ਨਾਰਿਆਜ਼ ਗੱਡੀਆਂ ਦੀ ਖੜੀ ਹੋਣ ਕਾਰਨ ਟਰੈਫਿਕ ਜਾਮ ਦੀ ਸਮੱਸਿਆ ਬਣੀ ਹੋਈ ਹੈ।

ਇਸ ਖੜੀ ਹੋਈਆਂ ਗੱਡੀਆਂ ਕਾਰਨ ਵਾਹਨ ਚਲਾਉਣ ਵਾਲਿਆਂ ਨੂੰ ਲੰਬੇ ਸਮੇਂ ਤੱਕ ਰੁਕਣਾ ਪੈਂਦਾ ਹੈ, ਜਿਸ ਨਾਲ ਦਿਨ-ਪ੍ਰਤੀ-ਦਿਨ ਦੀ ਯਾਤਰਾ ਵਿੱਚ ਦੇਰੀ ਹੁੰਦੀ ਹੈ।

ਸਥਾਨਕ ਰਹਾਇਸ਼ੀਆਂ ਨੇ ਇਸ ਮਸਲੇ ਨੂੰ ਹੱਲ ਕਰਨ ਦੀ ਮੰਗ ਕੀਤੀ ਹੈ, ਪਰ ਅਜੇ ਤੱਕ ਕੋਈ ਵਿਸ਼ੇਸ਼ ਕਾਰਵਾਈ ਨਹੀਂ ਹੋਈ।

— Sunny Kumar, Jalandhar

ਸ਼੍ਰੀ ਰਾਮ ਕਥਾ ਕਾਰਜਕ੍ਰਮ ਸਾਈ ਦਾਸ ਸਕੂਲ ਗਰਾਊਂਡ ਵਿੱਚ 22-28 ਨਵੰਬਰ 2026



ਸਾਈ ਦਾਸ ਸਕੂਲ ਗਰਾਊਂਡ ਵਿੱਚ ਸ਼੍ਰੀ ਰਾਮ ਕਥਾ ਕਾਰਜਕ੍ਰਮ ਦਾ ਆਯੋਜਨ ਕੀਤਾ ਗਿਆ ਹੈ।

ਇਹ ਕਾਰਜਕ੍ਰਮ 22 ਨਵੰਬਰ 2026 ਤੋਂ 28 ਨਵੰਬਰ 2026 ਤੱਕ ਚਲਿਆਗਾ।

ਸਮਾਗਮ ਦੌਰਾਨ ਸਥਾਨਕ ਸਮੁਦਾਇ ਦੇ ਲੋਕਾਂ ਦੀ ਉਪਸਥਿਤੀ ਦੀ ਉਮੀਦ ਹੈ।

— Sunny Kumar, Jalandhar

RELIGION

ਜਲੰਧਰ ਵਿੱਚ 22-28 ਨਵੰਬਰ ਤੱਕ ਸ਼੍ਰੀ ਰਾਮ ਕਥਾ ਕਾਰਜਕ੍ਰਮ ਸਾਈ ਦਾਸ ਸਕੂਲ ਗਰਾਊਂਡ 'ਚ



ਪੰਜਾਬ ਦੇ ਜਲੰਧਰ ਸ਼ਹਿਰ ਵਿੱਚ 22 ਨਵੰਬਰ 2026 ਤੋਂ 28 ਨਵੰਬਰ 2026 ਤੱਕ ਸ਼ਾਮ 6 ਵਜੇ ਤੋਂ 9 ਵਜੇ ਤੱਕ ਸਾਈ ਦਾਸ ਸਕੂਲ ਗਰਾਊਂਡ 'ਚ ਸ਼੍ਰੀ ਰਾਮ ਕਥਾ ਦਾ ਕਾਰਜਕ੍ਰਮ ਆਯੋਜਿਤ ਕੀਤਾ ਜਾ ਰਿਹਾ ਹੈ।

ਇਸ ਕਥਾ ਵਿੱਚ ਰਾਮ ਭਗਵਾਨ ਦੀ ਜੀਵਨੀ, ਉਨ੍ਹਾਂ ਦੇ ਆਚਰਨ ਅਤੇ ਧਾਰਮਿਕ ਗੁਣਾਂ ਨੂੰ ਵਿਸਤਾਰ ਨਾਲ ਪੇਸ਼ ਕੀਤਾ ਜਾਵੇਗਾ, ਜਿਸ ਨਾਲ ਹਾਜ਼ਰੀਨ ਨੂੰ ਆਧਿਆਤਮਿਕ ਪ੍ਰੇਰਣਾ ਮਿਲੇਗੀ।

ਕਾਰਜਕ੍ਰਮ ਹਰ ਰੋਜ਼ ਸ਼ਾਮ 6 ਵਜੇ ਸ਼ੁਰੂ ਹੋ ਕੇ 9 ਵਜੇ ਸਮਾਪਤ ਹੋਵੇਗਾ ਅਤੇ ਸਾਰੇ ਲੋਕਾਂ ਨੂੰ ਆਮੰਤ੍ਰਿਤ ਕੀਤਾ ਜਾਂਦਾ ਹੈ ਕਿ ਉਹ ਆਪਣੇ ਪਰਿਵਾਰਾਂ ਸਮੇਤ ਇਸ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ।

— Sunny Kumar, Jalandhar

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬਣੇ ਛੇਵੀਂ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ



ਤਰਨ ਤਾਰਨ:20 ਨਵੰਬਰ (ਪ੍ਰਕਾਸ਼ ਸਿੰਘ)

ਸਿੱਖ ਕੌਮ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਨੂੰ ਛੇਵੀਂ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਸ. ਰਘੂਜੀਤ ਸਿੰਘ ਵਿਰਕ ਨੂੰ ਸੀਨੀਅਰ ਮੀਤ ਪ੍ਰਧਾਨ, ਸ. ਗੁਰਬਖ਼ਸ਼ ਸਿੰਘ ਖ਼ਾਲਸਾ ਨੂੰ ਜੂਨੀਅਰ ਮੀਤ ਪ੍ਰਧਾਨ, ਸ. ਗੁਰਪ੍ਰੀਤ ਸਿੰਘ ਝੱਬਰ ਨੂੰ ਜਨਰਲ ਸਕੱਤਰ ਅਤੇ ਚੁਣੇ ਗਏ ਸਾਰੇ ਅੰਤ੍ਰਿੰਗ ਮੈਂਬਰਾਂ ਨੂੰ ਬਹੁਤ-ਬਹੁਤ ਵਧਾਈਆਂ।

— Parkash singh

ਸ਼੍ਰੋਮਣੀ ਅਕਾਲੀ ਦਲ ਨੇ ਖਿੱਚੀ ਵਿਧਾਨ ਸਭਾ ਚੋਣਾਂ ਦੀ ਤਿਆਰੀ, ਇਸ ਹਲਕੇ ਤੋਂ ਥਾਪਿਆ ਨਵਾਂ ਹਲਕਾ ਇੰਚਾਰਜ



ਸ਼੍ਰੋਮਣੀ ਅਕਾਲੀ ਦਲ ਨੇ ਖਿੱਚੀ ਵਿਧਾਨ ਸਭਾ ਚੋਣਾਂ ਦੀ ਤਿਆਰੀ, ਇਸ ਹਲਕੇ ਤੋਂ ਥਾਪਿਆ ਨਵਾਂ ਹਲਕਾ ਇੰਚਾਰਜ

Friday, Nov 20, 2026।

ਚੰਡੀਗੜ੍ਹ (ਵੈੱਬ ਡੈਸਕ): ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀਆਂ ਵੱਲੋਂ ਆਪੋ-ਆਪਣੇ ਪੱਧਰ 'ਤੇ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਨੇ ਅੰਮ੍ਰਿਤਸਰ (ਦੱਖਣੀ) ਵਿਧਾਨ ਸਭਾ ਹਲਕੇ ਤੋਂ ਨਵਾਂ ਹਲਕਾ ਇੰਚਾਰਜ ਥਾਪਿਆ ਹੈ। ਪਾਰਟੀ ਵੱਲੋਂ ਸੁਰਜੀਤ ਸਿੰਘ ਪਹਿਲਵਾਨ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ ਰਾਹੀਂ ਇਸ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੁਰਜੀਤ ਸਿੰਘ ਪਹਿਲਵਾਨ ਇਸ ਵੇਲੇ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਵਜੋਂ ਸੇਵ